# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 03-08-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਖੁਰਾਕ ਸੁਰੱਖਿਆ ਅਤੇ ਮਿਆਰਾਂ ਬਾਰੇ ਅਥਾਰਟੀ ਵਲੋਂ ਆਯੁਸ਼ ਮੰਤਰਾਲੇ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ, ਆਯੁਰਵੈਦਿਕ ਖੁਰਾਕਾਂ ਦੀ ਇੱਕ ਸੂਚੀ ਜਾਰੀ।
- -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਤੋਂ ਆਮ ਆਦਮੀ ਕਲੀਨਿਕਾਂ ਲਈ ਵਟਸਐਪ ਚੈਟਬੋਟ ਜਾਰੀ ਕੀਤਾ-ਆਮ ਆਦਮੀ ਕਲੀਨਿਕਾਂ ਵਿਚ ਬੇਹਤਰੀਨ ਸੇਵਾਵਾਂ ਦੇਣ ਵਾਲੇ ਡਾਕਟਰਾਂ ਤੇ ਮਾਹਰਾਂ ਨੂੰ ਕੀਤਾ ਸਨਮਾਨਿਤ ।
- -ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮੁਕਤਸਰ-ਮਲੋਟ ਸੜਕ 'ਤੇ ਪੁਲ ਨੂੰ ਲੋਕ ਅਰਪਿਤ ਕੀਤਾ।
- -ਪੰਜਾਬ ਪੁਲਿਸ ਵਲੋਂ ਆਉਂਦੇ ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸੂਬੇ ਵਿੱਚ ਸੁਰੱਖਿਆ ਵਧਾਉਂਦਿਆਂ ਅਪਰਾਧਿਕ ਤੇ ਸਮਾਜ

ਵਿਰੋਧੀ ਅਨਸਰਾਂ ’ਤੇ ਨਜ਼ਰ ਰੱਖਣ ਲਈ, ਵਿਸ਼ੇਸ਼ ਪੰਦਰਵਾੜਾ ਮੁਹਿੰਮ ਦੀ ਸ਼ੁਰੂਆਤ।

- ਮੌਸਮ ਵਿਭਾਗ ਨੇ ਅੱਜ ਪੰਜਾਬ ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ।

ਹੁਣ ਖਬਰਾਂ ਵਿਸਥਾਰ ਨਾਲ.....

---------------------------------------------------------------

ਖੁਰਾਕ ਸੁਰੱਖਿਆ ਅਤੇ ਮਿਆਰਾਂ ਬਾਰੇ ਅਥਾਰਟੀ ਨੇ ਆਯੁਸ਼ ਮੰਤਰਾਲੇ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ, ਆਯੁਰਵੈਦਿਕ ਖੁਰਾਕਾਂ ਦੀ ਇੱਕ ਸੂਚੀ ਜਾਰੀ ਕੀਤੀ ਏ। ਇਹ ਭਾਰਤ ਦੇ ਭੋਜਨ ਬਾਰੇ ਸਦੀਆਂ ਪੁਰਾਣੇ ਗਿਆਨ ਨੂੰ ਮੁੱਖ ਧਾਰਾ ਵਿੱਚ ਲਿਆਉਣ ਅਤੇ ਖਪਤਕਾਰਾਂ ਅਤੇ ਕਾਰੋਬਾਰਾਂ ਦੋਵਾਂ ਵਿੱਚ ਵਿਸ਼ਵਾਸ ਵਧਾਉਣ ਵਿੱਚ ਸਹਾਇਤਾ ਕਰੇਗਾ। ਇੱਕ ਰਿਪੋਰਟ-

ਇਹ ਫੈਸਲਾ ਕਾਰੋਬਾਰਾਂ ਨੂੰ ਆਯੁਰਵੈਦਿਕ ਭੋਜਨ ਉਤਪਾਦਾਂ ਨੂੰ ਤਿਆਰ ਕਰਨ ਲਈ ਭਰੋਸੇਯੋਗ ਸਮੱਗਰੀ ਪ੍ਰਾਪਤ ਕਰਨ ਦੇ ਯੋਗ ਬਣਾਏਗਾ। ਆਯੁਸ਼ ਰਾਜ ਮੰਤਰੀ ਪ੍ਰਤਾਪ ਰਾਓ ਜਾਧਵ ਨੇ ਲੋਕਾਂ ਨੂੰ ਲੰਬੇ ਸਮੇਂ ਦੇ ਸਿਹਤ ਲਾਭਾਂ ਲਈ ਆਪਣੇ ਰੋਜ਼ਾਨਾ ਜੀਵਨ ਵਿੱਚ ਆਯੁਰਵੈਦਿਕ ਖੁਰਾਕ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਆਯੁਰਵੈਦਿਕ

ਖੁਰਾਕ ਸਰੀਰ ਨੂੰ ਪੋਸ਼ਣ ਦੇਣ ਦੇ ਨਾਲ-ਨਾਲ ਪ੍ਰਤੀਰੋਧਕ ਸ਼ਕਤੀ, ਪਾਚਨ ਅਤੇ ਸਮੁੱਚੇ ਸਿਹਤ ਲਾਭਾਂ ਨੂੰ ਉਤਸ਼ਾਹਿਤ ਕਰਦੀ ਏ। ਇਸ ਪਹਿਲ ਨਾਲ ਭੋਜਨ ਉਦਯੋਗ ਲਈ ਨਿਆਮਕ ਸਪੱਸ਼ਟਤਾ ਵਧੇਗੀ ਅਤੇ ਬਿਹਤਰ ਸਿਹਤ ਲਈ ਆਯੁਰਵੈਦ-ਅਧਾਰਤ ਪੋਸ਼ਣ ਦੀ ਵਿਆਪਕ ਮਨਜ਼ੂਰੀ ਮਿਲ ਸਕੇਗੀ। ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਤੋਂ ਆਮ ਆਦਮੀ ਕਲੀਨਿਕਾਂ ਲਈ ਵਟਸਐਪ ਚੈਟਬੋਟ ਜਾਰੀ ਕੀਤਾ ਏ। ਚੰਡੀਗੜ੍ਹ ਦੇ ਟੈਗੋਰ ਥੀਏਟਰ ਵਿਖੇ ਹੋਏ ਇਕ ਸਮਾਗਮ ਵਿਚ ਮੁੱਖ ਮੰਤਰੀ ਨੇ ਸੂਬੇ ਦੇ ਲੋਕਾਂ ਨੂੰ ਸਿਹਤਮੰਦ ਰੱਖਣ ਲਈ ਕੀਤੇ ਗਏ ਤੇ ਕੀਤੇ ਜਾ ਰਹੇ ਵੱਖ ਵੱਖ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਮੁੱਖ ਮੰਤਰੀ ਨੇਕਿਹਾ ਸਰਕਾਰ ਨੇ ਲੋਕਾਂ ਦੀ ਬੇਹਤਰੀ ਲਈ ਆਮ ਆਦਮੀ ਕਲੀਨਕ ਖੋਲ੍ਹੇ, ਜਿਥੇ ਲੋਕ ਹਰ ਦਿਨ ਆਪਣੀ ਸਿਹਤ ਦੀ ਜਾਂਚ ਕਰਵਾ ਰਹੇ ਨੇ। ਇਸ ਨਾਲ ਸਮੇਂ ਸਿਰ ਬਿਮਾਰੀ ਦੀ ਪਛਾਣ ਕਰਨ ਵਿਚ ਮਦਦ ਮਿਲਦੀ ਏ IBYTE:

ਇਸ ਮੌਕੇ ਸੂਬੇ ਦੇ ਸਿਹਤ ਮੰਤਰੀ ਬਲਬੀਰ ਸਿੰਘ ਨੇ ਸਾਰਿਆਂ ਨੂੰ ਮਿਲਕੇ ਸਿਹਤ ਖੇਤਰ ਵਿਚ ਨਵੇਂ ਉਪਰਾਲੇ ਕਰਨ ਦਾ ਸੱਦਾ ਦਿੰਦਿਆਂ

ਕਿਹਾBYTE

ਇਸ ਮੌਕੇ ਮੁੱਖ ਮੰਤਰੀ ਨੇ ਆਮ ਆਦਮੀ ਕਲੀਨਿਕਾਂ ਵਿਚ ਬੇਹਤਰੀਨ ਸੇਵਾਵਾਂ ਦੇਣ ਵਾਲੇ ਡਾਕਟਰਾਂ ਤੇ ਮਾਹਰਾਂ ਨੂੰ ਸਨਮਾਨਿਤ ਵੀ ਕੀਤਾ। ਸਮਾਗਮ ਸਹਿਤ ਵਿਭਾਗ ਦੇ ਸਕੱਤਰ ਹੋਰ ਅਧਿਕਾਰੀ, ਵਿਸ਼ਵ ਸਿਹਤ ਸੰਗਠਨ ਤੋਂ ਸਿਹਤ ਮਾਹਰ ਤੇ ਹੋਰ ਪਤਵੰਤੇ ਮੌਜੂਦ ਰਹੇ ।

-----------------------------------------------------------

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸੂਬੇ ਦੇ ਸਾਰੇ ਆਮ ਆਦਮੀ ਕਲੀਨਿਕਾਂ ਵਿੱਚ ਵਟਸਐਪ ਚੈਟਬੋਟ ਸੇਵਾ ਦੀ ਸ਼ੁਰੂਆਤ ਸਿਹਤ ਸੇਵਾਵਾਂ ਨੂੰ ਹੋਰ ਆਸਾਨ, ਤੇਜ਼ ਤੇ ਪ੍ਰਭਾਵਸ਼ਾਲੀ ਬਣਾਏਗੀ। ਕੈਬਿਨਟ ਮੰਤਰੀ ਨੇ ਕਿਹਾ ਕਿ ਹੁਣ ਮਰੀਜ਼ਾਂ ਨੂੰ ਆਪਣੀਆਂ ਦਵਾਈਆਂ, ਟੈਸਟ ਰਿਪੋਰਟਾਂ, ਅਪਾਇੰਟਮੈਂਟ ਰਿਮਾਈਂਡਰ ਅਤੇ ਸਿਹਤ ਸਬੰਧੀ ਹੋਰ ਜਾਣਕਾਰੀਆਂ ਸਿੱਧਾ ਆਪਣੇ ਵਟਸਐਪ ’ਤੇ ਮਿਲ ਸਕਣਗੀਆਂ। ਉਨ੍ਹਾਂ ਕਿਹਾ ਕਿ ਇਸ ਸੇਵਾ ਸਦਕਾ ਲੋਕਾਂ ਨੂੰ ਕਲੀਨਿਕਾਂ ਦੀਆਂ ਲਾਈਨਾਂ 'ਚ ਖੜ੍ਹੇ ਹੋਣ ਦੀ ਲੋੜ ਨਹੀਂ ਰਹੇਗੀ। ਉਨ੍ਹਾਂ ਦੱਸਿਆ ਕਿ ਇਹ ਆਟੋਮੈਟਿਕ ਚੈਟਬੋਟ ਸਿਸਟਮ ਮਰੀਜ਼ਾਂ ਦੀ ਜਾਣਕਾਰੀ ਨੂੰ ਸੁਰੱਖਿਅਤ ਢੰਗ ਨਾਲ ਸੰਭਾਲੇਗਾ ਅਤੇ ਕਾਗਜ਼ੀ ਰਿਕਾਰਡ ਤੋਂ ਵੀ ਮੁਕਤੀ ਮਿਲੇਗੀ, ਜਿਸ ਨਾਲ ਜਿਥੇ ਸਮਾਂ ਬਚੇਗਾ ਉਥੇ ਕਾਰਗੁਜ਼ਾਰੀ ਵਿੱਚ ਵੀ ਤੇਜ਼ੀ ਆਵੇਗੀ।

ਸ਼੍ਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ ’ਤੇ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਨੇ। ਉਨ੍ਹਾਂ ਕਿਹਾ ਕਿ ਹੁਣ ਇਨ੍ਹਾਂ ਕਲੀਨਿਕਾਂ ਵਿੱਚ ਵਟਸਐਪ ਸੇਵਾ ਦੀ ਸ਼ੁਰੂਆਤ ਨਾਲ ਪੰਜਾਬ ਦਾ ਸਿਹਤ ਮਾਡਲ ਹੋਰ ਮਜ਼ਬੂਤ ਹੋਇਆ ਏ ।

---------------------------------------------------------------

ਚੋਣ ਕਮਿਸ਼ਨ ਨੇ ਵੋਟਰ ਸੂਚੀ ਤਿਆਰ ਕਰਨ ਵਿਚ ਅਹਿਮ ਭੂਮਿਕਾ ਨਿਭਾਉਣ ਵਾਲੇ ਬੂਥ ਪਧਰ ਦੇ ਅਫਸਰਾਂ (BLOs) ਦੇ ਮਿਹਨਤਾਨੇ ਨੂੰ ਦੁੱਗਣਾ ਕਰ ਦਿੱਤਾ ਏ ਅਤੇ ਵੋਟਰ ਸੂਚੀਆਂ ਦੀ ਤਿਆਰੀ ਅਤੇ ਸੋਧ ਵਿੱਚ ਸ਼ਾਮਲ BLO ਸੁਪਰਵਾਈਜ਼ਰਾਂ ਦੇ ਮਿਹਨਤਾਨੇ ਨੂੰ ਵਧਾ ਦਿੱਤਾ ਏ। ਵੇਰਵੇ ਨਾਲ ਇਕ ਰਿਪੋਰਟ

BLO ਲਈ ਸਾਲਾਨਾ ਮਿਹਨਤਾਨੇ ਨੂੰ ਛੇ ਹਜ਼ਾਰ ਰੁਪਏ ਤੋਂ ਦੁੱਗਣਾ ਕਰ ਕੇ 12 ਹਜ਼ਾਰ ਰੁਪਏ ਕਰ ਦਿੱਤਾ ਗਿਆ ਏ। ਇਸ ਤੋਂ ਇਲਾਵਾ, ਵੋਟਰ ਸੂਚੀਆਂ ਦੀ ਸੋਧ ਲਈ BLO ਲਈ ਮਿਹਨਤਾਨਾ ਇੱਕ ਹਜ਼ਾਰ ਰੁਪਏ ਤੋਂ ਵਧਾ ਕੇ ਦੋ ਹਜ਼ਾਰ ਰੁਪਏ ਕਰ ਦਿੱਤਾ ਗਿਆ ਏ। ਚੋਣ ਸੂਚੀਆਂ ਦੀ ਤਿਆਰੀ ਦੀ ਪ੍ਰਕਿਰਿਆ ਦੀ ਨਿਗਰਾਨੀ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ BLO ਸੁਪਰਵਾਈਜ਼ਰਾਂ ਨੂੰ ਹੁਣ 12 ਹਜ਼ਾਰ ਰੁਪਏ ਤੋਂ ਵਧਾ ਕੇ 18 ਹਜ਼ਾਰ ਰੁਪਏ ਸਾਲਾਨਾ ਮਿਲਣਗੇ। ਚੋਣ ਕਮਿਸ਼ਨ ਨੇ ਪਹਿਲੀ ਵਾਰ

ਚੋਣ ਰਜਿਸਟ੍ਰੇਸ਼ਨ ਅਫਸਰਾਂ EROs ਅਤੇ ਸਹਾਇਕ ਚੋਣ ਰਜਿਸਟ੍ਰੇਸ਼ਨ ਅਫਸਰਾਂ AEROs ਲਈ ਭੱਤਾ ਪ੍ਰਦਾਨ ਕੀਤਾ ਏ । EROs ਨੂੰ 30 ਹਜ਼ਾਰ ਰੁਪਏ ਦਿੱਤੇ ਜਾਣਗੇ ਜਦੋਂ ਕਿ AEROs ਨੂੰ 25 ਹਜ਼ਾਰ ਰੁਪਏ ਮਿਲਣਗੇ । ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਸਰਬਜੀਤ ਕੌਰ

---------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮੁਕਤਸਰ-ਮਲੋਟ ਰੋਡ 'ਤੇ ਪੁਲ ਨੂੰ ਲੋਕ ਅਰਪਿਤ ਕੀਤਾ । ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ ਕਈ ਸਾਲ ਤੋਂ ਸੜਕ ਦਾ ਬੁਰਾ ਹਾਲ ਸੀ, ਇਸ ਜੋ ਪੁਲ ਦਾ ਕੰਮ ਅਧੂਰਾ ਸੀ ਉਹ ਵੀ ਪੂਰਾ ਹੋ ਚੁੱਕਿਆ ਏ । ਉਨ੍ਹਾਂ ਦੱਸਿਆ ਕਿ ਤਕਰੀਬਨ 100 ਕਰੋੜ ਦੀ ਲਾਗਤ ਨਾਲ ਇਹ ਪ੍ਰੋਜੈਕਟ ਮੁਕੰਮਲ ਹੋਇਆ ਅਤੇ ਇਸ ਸੜਕ ਦੇ ਮੁਕੰਮਲ ਹੋਣ ਨਾਲ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲੀ ਏ । ਉਨ੍ਹਾਂ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਸੜਕ ਦੇ ਖਰਾਬ ਹੋਣ ਕਾਰਨ ਬਹੁਤ ਜਿਆਦਾ ਹਾਦਸੇ ਹੁੰਦੇ ਸਨ ਅਤੇ ਲੋਕਾਂ ਨੂੰ ਇਸ ਸੜਕ 'ਤੇ ਆਉਣ ਜਾਣ ਵਿਚ ਬਹੁਤ ਜਿਆਦਾ ਮੁਸ਼ਕਿਲ ਪੇਸ਼ ਆਉਂਦੀ ਸੀ । ਇਹ ਸੜਕ ਮੁਕਤਸਰ ਤੇ ਮਲੋਟ ਨੂੰ ਤਾਂ ਆਪਸ ਵਿੱਚ ਜੋੜਦੀ ਏ , ਇਸ ਰਾਹੀਂ ਲੰਬਾ ਸਫ਼ਰ ਕਰਨ ਵਾਲੇ ਮੁਸਾਫ਼ਰਾਂ ਦਾ ਰਸਤਾ ਵੀ ਘਟੇਗਾ ।

---------------------------------------------------------

ਗੁਰਦਾਸਪੁਰ ਪੁਲਿਸ ਨੇ ਤੇਲ ਦੇ ਟੈਂਕਰ ਵਿੱਚ ਲੁਕਾਈਆਂ ਸ਼ਰਾਬ ਦੀਆਂ 41 ਪੇਟੀਆਂ ਬਰਾਮਦ ਕੀਤੀਆਂ ਨੇ। DSP ਮੋਹਨ ਸਿੰਘ ਨੇ ਦੱਸਿਆ ਕਿ ਹਿਮਾਚਲ ਪ੍ਰਦੇਸ਼ ਦੇ ਨੰਬਰ ਵਾਲੇ ਇਸ ਤੇਲ ਟੈਂਕਰ ਨੂੰ ਹੁਸ਼ਿਆਰਪੁਰ ਦਾ ਰਹਿਣ ਵਾਲਾ ਡਰਾਈਵਰ ਬਲਵਿੰਦਰ ਸਿੰਘ ਚਲਾ ਰਿਹਾ ਸੀ , ਡਰਾਈਵਰ ਨੂੰ ਕਾਬੂ ਕੀਤਾ ਗਿਆ ਏ,। ਇਸ ਟੈਂਕਰ ਨੂੰ ਸ਼ਰਾਬ ਤਸਕਰੀ ਲਈ ਵਰਤਿਆ ਜਾ ਰਿਹਾ ਸੀ। ਇਸ ਟੈਂਕਰ ਮਾਲਕ ਕੋਲੋਂ ਵੀ ਪੁੱਛਗਿੱਛ ਕੀਤੀ ਜਾ ਰਹੀ ਏ।

---------------------------------------------------------

ਹੁਸ਼ਿਆਰਪੁਰ ਦੇ ਪੌਂਗ ਡੈਮ ਵਿਚ ਪਾਣੀ ਦਾ ਪੱਧਰ ਅੱਜ ਸਵੇਰੇ 1361.07 ਫੁੱਟ ਦਰਜ ਕੀਤਾ ਗਿਆ ਜੋ ਕੱਲ 1328.45 ਫੁੱਟ ਸੀ। ਭਾਖੜਾ ਬਿਆਸ ਪ੍ਰਬੰਧਨ ਬੋਰਡ ਤਲਵਾੜਾ ਦੇ ਐਡੀਸ਼ਨਲ ਸੁਪਰੀਟੈਂਡਿੰਗ ਇੰਜੀਨੀਅਰ ਵੱਲੋਂ ਜਾਰੀ ਪੱਤਰ ਵਿੱਚ ਕਿਹਾ ਗਿਆ ਏ ਕਿ ਪੌਂਗ ਡੈਮ 'ਤੇ ਮੌਜੂਦਾ ਪ੍ਰਵਾਹ ਪਾਰਟਨ ਅਤੇ ਬਿਆਸ ਕੈਚਮੈਂਟ ਖੇਤਰਾਂ ਲਈ ਮੌਸਮ ਵਿਭਾਗ ਦੁਆਰਾ ਜਾਰੀ ਕੀਤੀ ਗਈ ਬਾਰਿਸ਼ ਦੀ ਭਵਿੱਖਬਾਣੀ ਦੇ ਮੱਦੇਨਜ਼ਰ, ਭਵਿੱਖ ਵਿੱਚ ਪੌਂਗ ਡੈਮ ਸਪਿਲਵੇਅ ਰਾਹੀਂ ਵਾਧੂ ਪਾਣੀ ਛੱਡਿਆ ਜਾ ਸਕਦਾ ਏ। ਇਸ ਪੱਤਰ ਰਾਹੀਂ ਹੁਸ਼ਿਆਰਪੁਰ , ਕਾਂਗੜਾ , ਫਤਿਹਪੁਰ ਅਤੇ ਇੰਦੋਰਾ ਦੇ ਡਿਪਟੀ ਕਮਿਸ਼ਨਰਾਂ ਤੇ ਹੋਰਨਾਂ

ਅਧਿਕਾਰੀਆਂ ਨੂੰ ਸਾਰੇ ਜ਼ਰੂਰੀ ਸਾਵਧਾਨੀ ਉਪਾਅ ਕਰਨ ਦੀ ਅਪੀਲ ਕੀਤੀ ਗਈ ਏ ।

----------------------------------------------------------------

ਪੰਜਾਬ ਵਿੱਚ ਅੱਜ ਬੱਦਲਵਾਈ ਬਣੀ ਹੋਈ ਏ ਅਤੇ ਸੂਬੇ ਦੇ ਕਈ ਹਿੱਸਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ, ਜਿਸ ਕਾਰਨ ਮੌਸਮ ਵੀ ਹੁੰਮਸ ਭਰਿਆ ਏ । ਮੌਸਮ ਵਿਭਾਗ ਨੇ ਅੱਜ ਪਟਿਆਲਾ, ਰਾਜਪੁਰਾ, ਡੇਰਾਬੱਸੀ, ਮੋਹਾਲੀ, ਖਰੜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ , ਇਸ ਤੋਂ ਇਲਾਵਾ ਕੁਝ ਹੋਰ ਹਿੱਸਿਆਂ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਵਿਭਾਗ ਨੇ ਅੱਜ ਤੋਂ 6 ਅਗਸਤ ਤੱਕ ਪੰਜਾਬ ਅਤੇ ਹਰਿਆਣਾ ਵਿੱਚ ਵੱਖ-ਵੱਖ ਥਾਵਾਂ 'ਤੇ ਗਰਜ ਚਮਕ ਨਾਲ ਨਾਲ ਮੀਂਹ ਪੈਣ ਬਾਰੇ ਯਲੋ ਅਲਰਟ ਜਾਰੀ ਕੀਤਾ ਏ । ਇਸ ਦੌਰਾਨ, ਅੱਜ ਸਵੇਰੇ ਪਠਾਨਕੋਟ ਦੇ ਥੀਨ ਡੈਮ ਖੇਤਰ ਵਿੱਚ ਘੱਟੋ-ਘੱਟ ਤਾਪਮਾਨ 23.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਜਦੋਂ ਕਿ ਰੂਪਨਗਰ ਵਿੱਚ ਕੱਲ੍ਹ ਵੱਧ ਤੋਂ ਵੱਧ ਤਾਪਮਾਨ 34.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

----------------------------------------------------------------

- ਖੁਰਾਕ ਸੁਰੱਖਿਆ ਅਤੇ ਮਿਆਰਾਂ ਬਾਰੇ ਅਥਾਰਟੀ ਵਲੋਂ ਆਯੁਸ਼ ਮੰਤਰਾਲੇ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ, ਆਯੁਰਵੈਦਿਕ ਖੁਰਾਕਾਂ ਦੀ ਇੱਕ ਸੂਚੀ ਜਾਰੀ।
- -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਤੋਂ ਆਮ ਆਦਮੀ ਕਲੀਨਿਕਾਂ ਲਈ ਵਟਸਐਪ ਚੈਟਬੋਟ ਜਾਰੀ ਕੀਤਾ-ਆਮ ਆਦਮੀ ਕਲੀਨਿਕਾਂ ਵਿਚ ਬੇਹਤਰੀਨ ਸੇਵਾਵਾਂ ਦੇਣ ਵਾਲੇ ਡਾਕਟਰਾਂ ਤੇ ਮਾਹਰਾਂ ਨੂੰ ਕੀਤਾ ਸਨਮਾਨਿਤ ।
- -ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮੁਕਤਸਰ-ਮਲੋਟ ਸੜਕ 'ਤੇ ਪੁਲ ਨੂੰ ਲੋਕ ਅਰਪਿਤ ਕੀਤਾ।
- -ਪੰਜਾਬ ਪੁਲਿਸ ਵਲੋਂ ਆਉਂਦੇ ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸੂਬੇ ਵਿੱਚ ਸੁਰੱਖਿਆ ਵਧਾਉਂਦਿਆਂ ਅਪਰਾਧਿਕ ਤੇ ਸਮਾਜ ਵਿਰੋਧੀ ਅਨਸਰਾਂ ’ਤੇ ਨਜ਼ਰ ਰੱਖਣ ਲਈ, ਵਿਸ਼ੇਸ਼ ਪੰਦਰਵਾੜਾ ਮੁਹਿੰਮ ਦੀ ਸ਼ੁਰੂਆਤ।
- ਮੌਸਮ ਵਿਭਾਗ ਨੇ ਅੱਜ ਪੰਜਾਬ ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ।

ਇਸਦੇ ਨਾਲ  ਰਾਸ਼ਟਰੀ

ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਪ੍ਰਦੇਸ਼ਕ    ਖਬਰਾਂ ਦਾ

ਅਗਲਾ  ਬੁਲੇਟਿਨ ਤੁਸੀਂ ਸੁਣੋਗੇ  6

ਵੱਜਕੇ 20 ਮਿੰਟ  'ਤੇ  ਨਮਸਕਾਰ  !